## ਸ਼੍ਰੇਣੀ- ਪੰਜਵੀਂ
## ਪੰਜਾਬੀ (ਪਹਿਲੀ ਭਾਸ਼ਾ)

ਉਦੇਸ਼

1. ਪੜ੍ਹਨਾ

(ੳ) ਵਿਦਿਆਰਥੀ ਸਹੀ ਉਚਾਰਨ, ਦਬਾਅ, ਤਾਨ ਅਤੇ ਵਿਸਰਾਮ-ਚਿੰਨ੍ਹਾਂ ਪ੍ਰਤਿ ਪੂਰੀ ਸਾਵਧਾਨੀ ਵਰਤਦਿਆਂ ਹੋਇਆਂ ਗਤੀ ਤੇ ਪ੍ਰਭਾਵਸ਼ਾਲੀ ਢੰਗ ਨਾਲ਼ ਬੋਲ ਕੇ ਪੜ੍ਹ ਸਕੇ ।

(ਅ) ਲੁੜੀਂਦੀ ਗਤੀ ਨਾਲ਼ ਅਤੇ ਪੂਰੀ ਤਰ੍ਹਾਂ ਸਮਝਦਿਆਂ ਹੋਇਆਂ ਚੁੱਪ-ਚਾਪ ਮੂੰਹ ਵਿੱਚ ਹੀ ਪੜ੍ਹ ਸਕੇ ।

(ੲ) ਅਖ਼ਬਾਰ, ਬਾਲ-ਰਿਸਾਲੇ (ਬਾਲ-ਸਾਹਿਤ) ਵਿੱਚੋਂ ਮਨ-ਪਰਚਾਵੇ ਲਈ ਚੋਣਵੀਂਆਂ ਰਚਨਾਵਾਂ ਪੜ੍ਹ ਸਕੇ ।

(ਸ) ਪਾਠ-ਸਮਗਰੀ ਵਿੱਚੋਂ ਲੋੜ ਅਨੁਸਾਰ ਆਪਣੀ ਪਸੰਦ ਦੀ ਢੁਕਵੀਂ ਸਮਗਰੀ ਦੀ ਚੋਣ ਕਰ ਸਕੇ।

(ਹ) ਪੰਜਾਬੀ ਦੇ ਸ਼ਬਦ-ਕੋਸ਼ ਦੀ ਵਰਤੋਂ ਕਰ ਸਕੇ ।

2. ਗ੍ਰਹਿਣ ਕਰਨਾ

(i) ਸੁਣ ਕੇ

(ੳ) ਵਿਦਿਆਰਥੀ ਅਧਿਆਪਕ ਅਤੇ ਕਿਸੇ ਦੂਜੇ ਵਿਦਿਆਰਥੀ ਦੁਆਰਾ ਪੜ੍ਹੇ ਗਏ ਪਾਠਾਂ ਨੂੰ ਸੁਣ ਕੇ ਸਮਝ ਸਕੇ।

(ਅ) ਸ਼੍ਰੇਣੀ ਜਾਂ ਸਕੂਲ-ਸਭਾ ਵਿੱਚ ਸੁਣਾਏ ਚੁਟਕਲੇ, ਕਹਾਣੀਆਂ, ਕਵਿਤਾਵਾਂ ਆਦਿ ਨੂੰ ਸੁਣ ਕੇ ਸਮਝ ਅਤੇ ਸਲਾਹ ਸਕੇ ।

(ੲ) ਟੈਲੀਵੀਜ਼ਨ ਅਤੇ ਰੇਡੀਓ ਤੋਂ ਪ੍ਰਸਾਰਿਤ ਬੱਚਿਆਂ ਦੇ ਵੇਖੇ, ਸੁਣੇ ਪ੍ਰੋਗ੍ਰਾਮ ਆਦਿ ਨੂੰ ਸਮਝ ਅਤੇ ਸਲਾਹ ਸਕੇ ।

(ਸ) ਕਿਸੇ ਦਾ ਬੋਲਿਆ ਸੁਣ ਕੇ ਉਸ ਵਿੱਚ ਪ੍ਰਗਟਾਏ ਭਾਵਾਂ ਨੂੰ ਸਮਝ ਸਕੇ ।

(ii) ਪੜ੍ਹ ਕੇ

(ੳ) ਵਿਦਿਆਰਥੀ ਪਾਠ-ਪੁਸਤਕ ਅਤੇ ਬਾਲ-ਸਾਹਿਤ ਪੜ੍ਹਨ ਉਪਰੰਤ ਉਸ ਸਮਗਰੀ ਵਿੱਚੋਂ ਪੁੱਛੇ ਗਏ ਸਵਾਲਾਂ ਦੇ ਉੱਤਰ ਦੇ ਸਕੇ ।

(ਅ) ਪੜ੍ਹੀ ਗਈ ਸਮਗਰੀ ਬਾਰੇ ਕੋਈ ਪ੍ਰਸ਼ਨ ਪੁੱਛ ਸਕੇ ।

(ੲ) ਆਪਣੀ ਪਾਠ-ਪੁਸਤਕ ਦੇ ਪਾਠ ਨੂੰ ਪੜ੍ਹ ਕੇ ਉਸ ਵਿਚਲੇ ਭਾਵ ਨੂੰ ਗ੍ਰਹਿਣ ਕਰ ਸਕੇ ।

(ਸ) ਕਿਸੇ ਨੋਟਿਸ, ਇਸ਼ਤਿਹਾਰ ਅਤੇ ਮਾਟੋ ਆਦਿ ਨੂੰ ਪੜ੍ਹ ਕੇ ਉਸ ਦਾ ਭਾਵ ਸਮਝ ਸਕੇ ।

(ਹ) ਵਿਸਰਾਮ-ਚਿੰਨ੍ਹਾਂ ਨੂੰ ਸਮਝਦੇ ਹੋਏ ਲਿਖਤ ਵਿੱਚ ਪ੍ਰਗਟਾਏ ਹੈਰਾਨੀ ਤੇ ਖ਼ੁਸ਼ੀ ਆਦਿ ਦੇ ਭਾਵਾਂ ਨੂੰ ਸਮਝ ਸਕੇ ।

(ਕ) ਨਾਂਵ, ਪੜਨਾਂਵ, ਵਿਸ਼ੇਸ਼ਣ, ਕਿਰਿਆ, ਲਿੰਗ, ਵਚਨ ਆਦਿ ਵਿਆਕਰਨਿਕ ਭੇਦਾਂ ਵਿਚਲੇ ਨਿਖੇੜ ਨੂੰ ਸਮਝ ਸਕੇ।

3. ਪ੍ਰਗਟਾਅ

(i) ਮੌਖਿਕ

(ੳ) ਵਿਦਿਆਰਥੀ ਆਦਰ- ਭਾਵ ਅਤੇ ਠਰ੍ਹੰਮੇ ਨਾਲ਼ ਬੋਲ ਸਕੇ ।

(ਅ) ਗੱਲ-ਬਾਤ ਵਿੱਚ ਭਾਗ ਲੈ ਸਕੇ ਅਤੇ ਉਸ ਨੂੰ ਨਾਟਕੀ ਰੂਪ ਦੇ ਸਕੇ ।

(ੲ) ਸਹੀ ਉਚਾਰਨ, ਦਬਾਅ, ਤਾਨ, ਗਤੀ ਅਤੇ ਸੌਖ ਨਾਲ਼ ਪ੍ਰਮਾਣਿਕ ਪੰਜਾਬੀ ਬੋਲ ਸਕੇ ।

(ਸ) ਸੁਣੀ ਜਾਂ ਪੜ੍ਹੀ ਹੋਈ ਸਮਗਰੀ ਵਿੱਚੋਂ ਪੁੱਛੇ ਗਏ ਸਵਾਲਾਂ ਦੇ ਉੱਤਰ ਦੇ ਸਕੇ ।

(ii) ਲਿਖਤੀ

(ੳ) ਵਿਦਿਆਰਥੀ ਸ਼ਬਦਾਂ, ਵਾਕਾਂ ਤੇ ਪੈਰਿਆਂ ਨੂੰ ਸੁਣ ਕੇ ਲੁੜੀਂਦੀ ਗਤੀ ਨਾਲ਼ ਸ਼ੁੱਧ ਲਿਖ ਸਕੇ ।

(ਅ) ਲਿਖਣ ਵੇਲ਼ੇ ਪੂਰਨ ਵਿਸਰਾਮ-ਚਿੰਨ੍ਹ, ਪ੍ਰਸ਼ਨਾਵਾਚਕ ਚਿੰਨ੍ਹ, ਵਿਸਮਿਕ ਚਿੰਨ੍ਹ ਅਤੇ ਜੋੜਨੀ ਆਦਿ ਦੀ ਢੁਕਵੀਂ ਵਰਤੋਂ ਕਰਨ ਦੇ ਯੋਗ ਹੋ ਸਕੇ ।

(ੲ) ਪਾਠ-ਪੁਸਤਕ ਵਿਚਲੇ ਪਾਠਾਂ ਬਾਰੇ ਪੁੱਛੇ ਗਏ ਸਵਾਲਾਂ ਦੇ ਉੱਤਰ ਆਪਣੀਆਂ ਕਾਪੀਆਂ ਅਤੇ ਬਲੈਕ-ਬੋਰਡ ਉੱਤੇ ਵੀ ਲਿਖ ਸਕੇ ।

(ਸ) ਦਿੱਤੀ ਗਈ ਵਿਚਾਰ ਸਮਗਰੀ ਨੂੰ ਲੁੜੀਂਦੀ ਤਰਤੀਬ ਦੇ ਕੇ ਲਿਖ ਸਕੇ ।

(ਹ) ਆਪਣੀ ਲਿਖਤ ਵਿੱਚ ਕਾਲਪਨਿਕ ਦ੍ਰਿਸ਼ਾਂ ਦਾ ਵਰਨਣ ਕਰ ਸਕੇ ।

4. ਲਿਖਤ ਰਚਨਾ

(ੳ) ਵਿਦਿਆਰਥੀ ਪਿਕਨਿਕ, ਮੇਲਾ, ਤਿਉਹਾਰ, ਕਿਸੇ ਰੁੱਤ ਆਦਿ ਅਤੇ ਹੋਰ ਜਾਣੇ-ਪਛਾਣੇ ਵਿਸ਼ਿਆਂ ਉੱਤੇ ਨਿੱਕੇ-ਨਿੱਕੇ ਪੈਰੇ ਜਾਂ ਲੇਖ ਲਿਖ ਸਕੇ ।

(ਅ) ਸਧਾਰਨ ਪੱਤਰ ਅਤੇ ਬਿਨੈ-ਪੱਤਰ ਆਦਿ ਲਿਖ ਸਕੇ ।

(ੲ) ਦਿੱਤੇ ਹੋਏ ਸੰਕੇਤਾਂ 'ਤੇ ਆਧਾਰਿਤ ਕਹਾਣੀ ਲਿਖ ਸਕੇ ।

(ਸ) ਰਚਨਾਤਮਿਕ ਅਭਿਆਸ ਲਈ ਸਰਲ ਭਾਂਤ ਦੀ ਤੁਕਬੰਦੀ, ਕਹਾਣੀ, ਵਾਰਤਾਲਾਪ, ਲੇਖ ਆਦਿ ਲਿਖ ਸਕੇ ।

ਨਿਰਧਾਰਿਤ ਪਾਠ-ਪੁਸਤਕ-

**ਪੰਜਾਬੀ ਪੁਸਤਕ-5 (ਪਹਿਲੀ ਭਾਸ਼ਾ) (ਪੰਜਾਬ ਸਕੂਲ ਸਿੱਖਿਆ ਬੋਰਡ ਦੁਆਰਾ ਪ੍ਰਕਾਸ਼ਿਤ)**